ਦਫਤਰ :- ਕਾਰਜਕਾਰੀ ਇੰਜੀਨੀਅਰ, ਪ੍ਰਾਂਤਕ ਮੰਡਲ, ਲੋ:ਨਿ:ਵਿ: ਭ ਤੇ ਮ ਸਾਖਾ, ਸਾਹਮਣੇ ਪੁਲਿਸ ਸਟੇਸ਼ਨ, ਇੰਡਸਟ੍ਰੀਅਲ ਏਰੀਆ ਫੇਸ-1, ਸਾਹਿਬਜਾਦਾ ਅਜੀਤ ਸਿੰਘ ਨਗਰ (ਮੋਹਾਲੀ)

E-mail Id : ee.pd.moh.pwd@punjab.gov.in Tel. & Fax No. 0172-2226328

ਵੱਲ

The Principal
Sant Isher Singh Public School,
Phase-7
Mohali.

ਨੰ: 4138 ਮਿਤੀ: 25-4-2023

ਵਿਸ਼ਾ- **ਬਿਲਡਿੰਗ ਸੇਫਟੀ ਸਰਟੀਫਿਕੇਟ ਜਾਰੀ ਕਰਨ ਸਬੰਧੀ।**

ਹਵਾਲਾ: ਆਪ ਦਾ ਪੱਤਰ ਨੰ. SPS/3614/2023 ਮਿਤੀ 22.03.2023 ਦੇ ਸਬੰਧ ਵਿੱਚ।

ਉਪਰੋਕਤ ਵਿਸ਼ੇ ਦੇ ਸਬੰਧ ਵਿੱਚ ਇਸ ਮੰਡਲ ਅਧੀਨ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਦੀ ਰਿਪੋਰਟ ਅਨੁਸਾਰ ਸਕੂਲ ਦੀ ਇਮਾਰਤ ਦਾ ਹਰ ਪੱਖੋ ਮੁਆਇਨਾ ਕਰਨ ਉਪਰੰਤ ਇਮਾਰਤ ਠੀਕ ਪਾਈ ਗਈ ਹੈ।ਇਸ ਬਾਬਤ ਮਾਨਯੋਗ ਸਕੱਤਰ ਪੰਜਾਬ, ਲੋਕ ਨਿਰਮਾਣ ਵਿਭਾਗ ਭ ਤੇ ਮ, ਚੰਡੀਗੜ੍ਹ ਜੀ ਦੇ ਦਫਤਰੀ ਹੁਕਮ ਨੰ: 5/13/2018-3BR3/1294287/3 ਮਿਤੀ 10.08.2018 ਅਨੁਸਾਰ ਸਕੂਲ ਵੱਲੋ 10 ਸਾਲਾਂ ਦੀ ਇੰਸਪੈਕਸਨ ਫੀਸ ਰੁ: 100000/- ਰੁਪਏ, ਜੀ.ਆਰ. ਨੰ. 4300047 ਮਿਤੀ 20-04-2023 ਰਾਹੀ ਜਮਾਂ ਕਰਵਾ ਦਿੱਤੀ ਗਈ ਹੈ। ਇਸ ਲਈ ਉਪਰੋਕਤ ਸਕੂਲ ਦਾ ਬਿਲਡਿੰਗ ਸੇਫਟੀ ਸਰਟੀਫਿਕੇਟ ਮਿਤੀ 31.03.2033 ਹੇਠ ਲਿਖਿਆਂ ਸ਼ਰਤਾਂ ਤੇ ਜਾਰੀ ਕੀਤਾ ਜਾਂਦਾ ਹੈ:

1. ਨਿਰੀਖਣ ਤੋ ਬਾਅਦ ਜੇਕਰ ਸਕੂਲ ਮੁੱਖੀ ਵੱਲੋ ਦਰਸਾਈ ਗਈ ਬਿਲਡਿੰਗ ਵਿੱਚ ਕੋਈ ਵੀ ਵਾਧਾ/ਬਦਲਾਵ ਕੀਤਾ ਜਾਂਦਾ ਹੈ ਤਾਂ ਉਹ ਕਿਸੇ ਮਾਨਤਾ ਪ੍ਰਾਪਤ ਇੰਜੀਨੀਅਰ ਦੀ ਨਿਗਰਾਨੀ ਵਿੱਚ ਕਰਵਾਇਆ ਜਾਵੇ ਅਤੇ ਬਿਲਡਿੰਗ ਦੀ ਸੇਫਟੀ ਸਬੰਧੀ ਮਾਨਤਾ ਪ੍ਰਾਪਤ ਸਟੱਕਚਰਲ ਇੰਜੀਨੀਅਰ ਤੋਂ ਦੁਬਾਰਾ ਪ੍ਰਵਾਨਗੀ ਲੈਣ ਉਪਰੰਤ ਇਸ ਦਫਤਰ ਤੋਂ ਦਰਸਾਈਆਂ ਸ਼ਰਤਾਂ ਨੂੰ ਮੁੱਖ ਰੱਖਦੇ ਹੋਏ ਦੁਬਾਰਾ ਬਿਲਡਿੰਗ ਦਾ ਸੇਫਟੀ ਸਰਟੀਫਿਕੇਟ ਜਾਰੀ ਕਰਵਾਇਆ ਜਾਵੇ।
2. ਜੇਕਰ ਕੋਈ ਕੁਦਰਤੀ ਆਫਤ ਕਾਰਨ ਜਾਂ ਕਿਸੇ ਵੀ ਕਾਰਨ ਬਿਲਡਿੰਗ ਨੂੰ ਨੁਕਸਾਨ ਹੁੰਦਾ ਹੈ ਤਾਂ ਵੀ ਸਕੂਲ ਮੁੱਖੀ ਨੂੰ ਤੁਰੰਤ ਇਸ ਦਫਤਰ ਨੂੰ ਸੂਚਿਤ ਕਰਨਾ ਪਵੇਗਾ ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।
3. ਇਸ ਬਿਲਡਿੰਗ ਦਾ ਫਾਇਰ ਸੇਫਟੀ ਸਰਟੀਫਿਕੇਟ, ਪੰਜਾਬ ਫਾਇਰ ਸਰਵਿਸਜ਼, ਮੋਹਾਲੀ ਵਲੋ ਉਨ੍ਹਾਂ ਦੇ ਐਨ.ਓ.ਸੀ ਨੰ: 2004-52788-Fire/37921 ਮਿਤੀ:20.05.2022 ਦੁਆਰਾ ਜਾਰੀ ਕੀਤਾ ਗਿਆ ਹੈ। ਫਾਇਰ ਸੇਫਟੀ ਸਰਟੀਫਿਕੇਟ ਨਵੀਨੀਕਰਨ ਦੀ ਨਿਰੋਲ ਜਿੰਮੇਵਾਰੀ ਬਿਨੈਕਾਰ ਦੀ ਹੋਵੇਗੀ, ਨਹੀ ਤਾਂ ਤੁਰੰਤ ਸਮੇਂ ਤੋ ਇਹ ਬਿਲਡਿੰਗ ਸੇਫਟੀ ਸਰਟੀਫਿਕੇਟ ਰੱਦ ਸਮਝਿਆ ਜਾਵੇਗਾ। ਫਾਇਰ ਸੇਫਟੀ ਵਿਭਾਗ ਦੀਆਂ ਹਦਾਇਤਾਂ ਅਨੁਸਾਰ ਅੱਗ ਬੁਝਾਊ ਯੰਤਰ ਤਸੱਲੀਬਖਸ਼ ਹੋਣੇ ਚਾਹੀਦੇ ਹਨ ਅਤੇ ਕਰਮਚਾਰੀ ਅੱਗ ਬੁਝਾਉਣ ਸਬੰਧੀ ਟਰੇਂਡ ਹੋਣੇ ਚਾਹੀਦੇ ਹਨ, ਇਸ ਨੂੰ ਯਕੀਨੀ ਬਣਾਇਆ ਜਾਵੇ।
4. ਇਹ ਸਰਟੀਫਿਕੇਟ ਕਿਸੇ ਵੀ ਲੀਗਲ ਕੇਸਾਂ ਲਈ ਪ੍ਰਮਾਣਿਤ ਨਹੀ ਹੋਵੇਗਾ।

ਨੱਥੀ/

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।

ਪਿੱਠ ਅੰਕਣ ਨੰ: ਮਿਤੀ:

ਉਪਰੋਕਤ ਦਾ ਉਤਾਰਾ ਉਪ ਮੰਡਲ ਇੰਜੀਨੀਅਰ, ਪ੍ਰਾਂਤਕ ਉਪ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ, ਐਸ.ਏ.ਐਸ ਨਗਰ ਨੂੰ ਉਨ੍ਹਾਂ ਦੇ ਪੱਤਰ ਨੰ: 141 ਮਿਤੀ 24-04-2023 ਦੇ ਹਵਾਲੇ ਵਿੱਚ ਸੂਚਨਾ ਹਿੱਤ ਭੇਜਿਆ ਜਾਂਦਾ ਹੈ।

ਕਾਰਜਕਾਰੀ ਇੰਜੀਨੀਅਰ,
ਪ੍ਰਾਂਤਕ ਮੰਡਲ, ਲੋ: ਨਿ: ਵਿ: ਭ ਤੇ ਮ ਸ਼ਾਖਾ,
ਸਾਹਿਬਜਾਦਾ ਅਜੀਤ ਸਿੰਘ ਨਗਰ।